# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :11-07-2026**

ਪੰਜਾਬ ਭਰ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਗਹਿਨ ਸੋਧ SIR ਤਹਿਤ ਘਰ-ਘਰ ਜਾ ਕੇ ਗਣਨਾ ਕਰਨ ਦੀ ਪ੍ਰਕਿਰਿਆ ਨਿਰੰਤਰ ਤੇਜ਼ੀ ਨਾਲ ਚੱਲ ਰਹੀ ਏ. 25 ਜੂਨ, ਇਸ ਦੀ ਸ਼ੁਰੂਆਤ ਦੇ ਮਹਿਜ਼ 16 ਦਿਨਾਂ ਦੇ ਅੰਦਰ, ਸੂਬੇ ‘ਚ 1 ਕਰੋੜ ਤੋਂ ਵੱਧ ਗਣਨਾ ਫਾਰਮਾਂ ਨੂੰ ਸਫ਼ਲਤਾ ਨਾਲ ਡਿਜੀਟਾਈਜ਼ ਕਰ ਲਿਆ ਗਿਆ ਏ । ਸਾਰੇ ਘਰਾਂ ਵਿੱਚ 99.34 ਫ਼ੀਸਦ ਗਣਨਾ ਫਾਰਮਾਂ ਦੀ ਵੰਡ ਪਹਿਲਾਂ ਹੀ ਮੁਕੰਮਲ ਕੀਤੀ ਜਾ ਚੁੱਕੀ ਏ. ਇਸ ਸਬੰਧੀ ਜਾਣਕਾਰੀ ਦਿੰਦਿਆਂ ਪੰਜਾਬ ਦੇ ਮੁੱਖ ਚੋਣ ਅਫ਼ਸਰ (ਸੀ.ਈ.ਓ.) ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਦੱਸਿਆ ਕਿ ਇਸ ਮੁਹਿੰਮ ਨੂੰ ਹੋਰ ਹੁਲਾਰਾ ਦੇਣ ਅਤੇ ਜਨਤਾ ਦੀ ਵੱਧ ਤੋਂ ਵੱਧ ਹਿੱਸੇਦਾਰੀ ਨੂੰ ਉਤਸ਼ਾਹਿਤ ਕਰਨ ਲਈ, ਅੱਜ 11 ਅਤੇ ਭਲਕੇ 12 ਜੁਲਾਈ, ਨੂੰ ਪੰਜਾਬ ਭਰ ਦੇ ਸਾਰੇ ਵੋਟ ਕੇਂਦਰਾਂ 'ਤੇ ਸਵੇਰੇ 8 ਵਜੇ ਤੋਂ ਦੁਪਹਿਰ 3 ਵਜੇ ਤੱਕ ਦੋ ਰੋਜ਼ਾ ਵਿਸ਼ੇਸ਼ ਕੈਂਪ ਲਾਏ ਜਾ ਰਹੇ ਨੇ. ਇਨ੍ਹਾਂ ਕੈਂਪਾਂ ਦੌਰਾਨ ਬਾਕੀ

ਰਹਿੰਦੇ ਗਣਨਾ ਫਾਰਮ ਭਰੇ, ਇਕੱਠੇ ਅਤੇ ਡਿਜੀਟਾਈਜ਼ ਕੀਤੇ ਜਾਣਗੇ, ਵੋਟਰ ਸੂਚੀ ਦੀਆਂ ਖਾਮੀਆਂ ਅਤੇ ਫਰਕ ਨੂੰ ਦੂਰ ਕੀਤਾ ਜਾਵੇਗਾ ਅਤੇ ਨਾਗਰਿਕਾਂ ਨੂੰ ਉਨ੍ਹਾਂ ਦੇ ਵੋਟ ਦੇ ਵੇਰਵਿਆਂ ਨੂੰ ਅਪਡੇਟ ਅਤੇ ਤਸਦੀਕ ਕਰਨ ਵਿੱਚ ਸਹਾਇਤਾ ਕੀਤੀ ਜਾਵੇਗੀ। ਓਹਨਾਂ ਇਹ ਵੀ ਕਿਹਾ ਕਿ ਸਹੀ ਵੋਟਰ ਸੂਚੀਆਂ ਤਿਆਰ ਰੱਖਣ ਅਤੇ ਲੋਕਤੰਤਰੀ ਅਮਲ ਨੂੰ ਹੋਰ ਮਜ਼ਬੂਤ ਕਰਨ ਲਈ ਗਣਨਾ ਫਾਰਮਾਂ ਨੂੰ ਇਕੱਤਰ ਕਰਨਾ ਅਤੇ ਉਨ੍ਹਾਂ ਦਾ ਡਿਜੀਟਾਈਜ਼ੇਸ਼ਨ ਕਰਨਾ ਇੱਕ ਬਹੁਤ ਹੀ ਅਹਿਮ ਕਦਮ ਏ । ਮੁੱਖ ਚੋਣ ਅਫ਼ਸਰ ਨੇ ਇਹ ਵੀ ਦੱਸਿਆ ਕਿ ਵੋਟ ਕੇਂਦਰਾਂ ਦੀ ਤਰਕਸੰਗਤਤਾ 24 ਜੁਲਾਈ, 2026 ਤੱਕ ਮੁਕੰਮਲ ਕਰ ਲਈ ਜਾਵੇਗੀ, ਜਿਸ ਤੋਂ ਬਾਅਦ 3 ਅਗਸਤ, 2026 ਨੂੰ ਖਰੜਾ ਵੋਟਰ ਸੂਚੀਆਂ ਪ੍ਰਕਾਸ਼ਿਤ ਕੀਤੀਆਂ ਜਾਣਗੀਆਂ। ਦਾਅਵੇ ਅਤੇ ਇਤਰਾਜ਼ 3 ਅਗਸਤ ਤੋਂ 2 ਸਤੰਬਰ, ਤੱਕ ਦਾਇਰ ਕੀਤੇ ਜਾ ਸਕਦੇ ਨੇ, ਜਦੋਂ ਕਿ ਦਾਅਵਿਆਂ ਅਤੇ ਇਤਰਾਜ਼ਾਂ ਦਾ ਨਿਪਟਾਰਾ 3 ਅਗਸਤ ਤੋਂ 28 ਸਤੰਬਰ, ਦਰਮਿਆਨ ਕੀਤਾ ਜਾਵੇਗਾ। ਸੀ.ਈ.ਓ. ਨੇ ਦੱਸਿਆ ਕਿ ਅੰਤਿਮ ਵੋਟਰ ਸੂਚੀ ਪਹਿਲੀ ਅਕਤੂਬਰ, 2026 ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਸ੍ਰੀਮਤੀ ਅਨਿੰਦਿਤਾ ਮਿਤਰਾ ਨੇ ਸਾਰੇ ਯੋਗ ਨਾਗਰਿਕਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਵਿਸ਼ੇਸ਼ ਕੈਂਪਾਂ ਵਿੱਚ ਸਰਗਰਮੀ ਨਾਲ ਹਿੱਸਾ ਲੈਣ।

------------------------------------------------------------

ਭਾਰਤੀ ਜਨਤਾ ਪਾਰਟੀ (ਭਾਜਪਾ), ਪੰਜਾਬ ਦੇ ਇੱਕ ਵਫ਼ਦ ਨੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਦੀ ਅਗਵਾਈ ਹੇਠ ਅੱਜ ਪੰਜਾਬ ਦੇ ਰਾਜਪਾਲ ਸ੍ਰੀ ਗੁਲਾਬ ਚੰਦ ਕਟਾਰੀਆ ਨਾਲ ਮੁਲਾਕਾਤ ਕੀਤੀ ਅਤੇ ਅਬੋਹਰ ਨਗਰ ਨਿਗਮ ਮੇਅਰ ਚੋਣ ਦੌਰਾਨ ਬੇਨੇਮੀਆਂ ਅਤੇ ਸਰਕਾਰੀ ਮਸ਼ੀਨਰੀ ਦੀ ਦੁਰਵਰਤੋਂ ਦਾ ਇਲ੍ਜ਼ਾਮ ਲਾਉਂਦੇ ਹੋਏ ਇੱਕ ਮੰਗ ਪੱਤਰ ਸੌਂਪਿਆ। ਸ੍ਰੀ ਢਿੱਲੋਂ ਦੇ ਨਾਲ ਹੋਰਨਾਂ ਤੋਂ ਇਲਾਵਾ ਭਾਜਪਾ ਦੇ ਸਾਬਕਾ ਸੂਬਾ ਪ੍ਰਧਾਨ ਸੁਨੀਲ ਜਾਖੜ, ਕਾਰਜਕਾਰੀ ਪ੍ਰਧਾਨ ਅਸ਼ਵਨੀ ਸ਼ਰਮਾ ਅਤੇ ਸੀਨੀਅਰ ਆਗੂ ਮਨੋਰੰਜਨ ਕਾਲੀਆ ਵੀ ਮੌਜੂਦ ਸਨ. ਮੰਗ ਪੱਤਰ ਵਿੱਚ ਪੰਜਾਬ ਸਰਕਾਰ ਅਤੇ ਇਸਦੇ ਅਧਿਕਾਰੀਆਂ ਦੀ ਚੋਣ ਦੇ ਸੰਚਾਲਨ ਵਿੱਚ ਕਥਿਤ ਧੱਕੇਸ਼ਾਹੀ 'ਤੇ ਭਾਜਪਾ ਦੀਆਂ ਚਿੰਤਾਵਾਂ ਦਾ ਵੇਰਵਾ ਦਿੱਤਾ ਗਿਆ ਏ । ਪਾਰਟੀ ਨੇ ਰਾਜਪਾਲ ਨੂੰ ਪਾਰਦਰਸ਼ਿਤਾ, ਨਿਰਪੱਖਤਾ, ਜਵਾਬਦੇਹੀ ਅਤੇ ਲੋਕਤੰਤਰੀ ਨੇਮਾਂ

ਅਤੇ ਕਾਨੂੰਨ ਦੇ ਰਾਜ ਦੀ ਸਖ਼ਤੀ ਨਾਲ ਪਾਲਣਾ ਨੂੰ ਯਕੀਨੀ ਬਣਾਉਣ ਲਈ ਦਖਲ ਦੇਣ ਦੀ ਅਪੀਲ ਕੀਤੀ ਏ - BYTE –

ਇਸ ਦੌਰਾਨ, ਅਬੋਹਰ ਨਗਰ ਨਿਗਮ ਦੇ ਮੇਅਰ, ਸੀਨੀਅਰ ਡਿਪਟੀ ਮੇਅਰ ਅਤੇ ਡਿਪਟੀ ਮੇਅਰ ਦੇ ਅਹੁਦਿਆਂ ਦੀਆਂ ਚੋਣਾਂ ਕਲ੍ਹ ਸ਼ਾਮ ਨੂੰ ਮੁਲਤਵੀ ਕਰ ਦਿੱਤੀਆਂ ਗਈਆਂ ਸਨ।

--------------------------------------------------------------------

ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਚਲਾਈ ਜਾਰੀ ਵਿਸ਼ੇਸ਼ ਮੁਹਿੰਮ ਦੌਰਾਨ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਮ੍ਰਿਤਸਰ ਕਮਿਸ਼ਨਰੇਟ ਪੁਲਿਸ ਨੇ ਇੱਕ ਨਾਬਾਲਿਗ ਸਮੇਤ ਦੋ ਮੁਲਜ਼ਮਾਂ ਨੂੰ 8.378 ਕਿਲੋਗ੍ਰਾਮ ਹੈਰੋਇਨ ਅਤੇ 2 ਲੱਖ ਰੁਪਏ ਦੀ ਡਰੱਗ ਮਨੀ ਸਮੇਤ ਗ੍ਰਿਫਤਾਰ ਕਰਕੇ ਸਰਹੱਦ ਪਾਰੋਂ ਚੱਲ ਰਹੇ ਨਸ਼ਾ ਤਸਕਰੀ ਦੇ ਨੈੱਟਵਰਕ ਦਾ ਪਰਦਾਫਾਸ਼ ਕੀਤਾ ਏ। ਇਹ ਜਾਣਕਾਰੀ ਪੁਲਿਸ ਦੇ ਡਾਇਰੈਕਟਰ ਜਨਰਲ (ਡੀਜੀਪੀ), ਪੰਜਾਬ ਗੌਰਵ ਯਾਦਵ ਨੇ ਦਿੱਤੀ। ਗ੍ਰਿਫਤਾਰ ਮੁਲਜ਼ਮ ਦੀ ਪਛਾਣ, ਅੰਮ੍ਰਿਤਸਰ ਦੇ ਪਿੰਡ ਖਾਸਾ ਦੇ ਰਹਿਣ ਵਾਲੇ ਇੱਕ ਵਿਅਕਤੀ ਵਜੋਂ ਹੋਈ ਏ, ਜਦਕਿ ਦੂਜਾ ਮੁਲਜ਼ਮ ਇੱਕ ਨਾਬਾਲਿਗ

ਏ । ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਮੁੱਢਲੀ ਜਾਂਚ ਮੁਤਾਬਿਕ ਉਕਤ ਮੁਲਜ਼ਮ ਸਰਹੱਦ ਪਾਰ ਦੇ ਤਸਕਰ ਦੇ ਇਸ਼ਾਰੇ 'ਤੇ ਕੰਮ ਕਰ ਰਹੇ ਸਨ ਅਤੇ ਵੱਖ-ਵੱਖ ਥਾਵਾਂ ਤੋਂ ਹੈਰੋਇਨ ਦੀਆਂ ਖੇਪਾਂ ਹਾਸਿਲ ਕਰਕੇ ਇਨ੍ਹਾਂ ਨੂੰ ਅੱਗੇ ਸੂਬੇ ਭਰ ਵਿੱਚ ਸਪਲਾਈ ਕਰਦੇ ਸਨ। ਡੀਜੀਪੀ ਨੇ ਕਿਹਾ ਕਿ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਪਤਾ ਲਾਉਣ ਲਈ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਏ .

---------------------------------------------------------

ਭਾਰਤ ਤੇ ਇੰਗਲੈਂਡ ਦਰਮਿਆਨ ਪੰਜ ਮੈਚਾਂ ਦੀ twenty -20 ਅੰਤਰਰਾਸ਼ਟਰੀ ਕ੍ਰਿਕੇਟ ਲੜੀ ਦਾ ਪੰਜਵਾਂ ਤੇ ਆਖਰੀ ਮੈਚ ਅੱਜ ਸਾਊਥੈਂਪਟਨ ਦੇ ਯੂਟੀਲਿਟਾ ਬਾਊਲ ਵਿਖੇ ਖੇਡਿਆ ਜਾਏਗਾ । ਇਹ ਮੈਚ ਭਾਰਤੀ ਸਮੇਂ ਅਨੁਸਾਰ ਸ਼ਾਮ 7 ਵਜੇ ਸ਼ੁਰੂ ਹੋਣਾ ਏ । ਇੰਗਲੈਂਡ ਪਹਿਲਾਂ ਹੀ 3-0 ਦੀ ਲੀਡ ਨਾਲ ਲੜੀ ਆਪਣੇ ਨਾਂ ਕਰ ਚੁਕਿਆ ਏ.